ਬਸੰਤੁ ਮਹਲਾ ੩ ਘਰੁ ੧ ਦੁਤੁਕੇ ੧ੴ ਸਤਿਗੁਰ ਪ੍ਰਸਾਦਿ ॥ ਮਾਹਾ ਰੁਤੀ ਮਹਿ ਸਦ ਬਸੰਤੁ ॥ ਜਿਤੁ ਹਰਿਆ ਸਭੁ ਜੀਅ ਜੰਤੁ ॥ ਕਿਆ ਹਉ ਆਖਾ ਕਿਰਮ ਜੰਤੁ ॥ ਤੇਰਾ ਕਿਨੈ ਨ ਪਾਇਆ ਆਦਿ ਅੰਤੁ ॥੧॥ ਤੈ ਸਾਹਿਬ ਕੀ ਕਰਹਿ ਸੇਵ ॥ ਪਰਮ ਸੁਖ ਪਾਵਹਿ ਆਤਮ ਦੇਵ ॥੧॥ ਰਹਾਉ ॥ ਕਰਮੁ ਹੋਵੈ ਤਾਂ ਸੇਵਾ ਕਰੈ ॥ ਗੁਰ ਪਰਸਾਦੀ ਜੀਵਤ ਮਰੈ ॥ ਅਨਦਿਨੁ ਸਾਚੁ ਨਾਮੁ ਉਚਰੈ ॥ ਇਨ ਬਿਧਿ ਪ੍ਰਾਣੀ ਦੁਤਰੁ ਤਰੈ ॥੨॥ ਬਿਖੁ ਅੰਮ੍ਰਿਤੁ ਕਰਤਾਰਿ ਉਪਾਏ ॥ ਸੰਸਾਰ ਬਿਰਖ ਕਉ ਦੁਇ ਫਲ ਲਾਏ ॥ ਆਪੇ ਕਰਤਾ ਕਰੇ ਕਰਾਏ ॥ ਜੋ ਤਿਸੁ ਭਾਵੈ ਤਿਸੈ ਖਵਾਏ ॥੩॥ ਨਾਨਕ ਜਿਸ ਨੋ ਨਦਰਿ ਕਰੇਇ ॥ ਅੰਮ੍ਰਿਤ ਨਾਮੁ ਆਪੇ ਦੇਇ ॥ ਬਿਖਿਆ ਕੀ ਬਾਸਨਾ ਮਨਹਿ ਕਰੇਇ ॥ ਅਪਣਾ ਭਾਣਾ ਆਪਿ ਕਰੇਇ ॥੪॥੧॥
{ਪੰਨਾ 1172}

ਪਦਅਰਥ:- ਮਾਹਾ ਮਹਿ—ਸਭ ਮਹੀਨਿਆਂ ਵਿਚ। ਰੁਤੀ ਮਹਿ—ਸਰੀਆਂ ਰੁੱਤਾਂ ਵਿਚ {'ਰੁਤੀ' ਬਹੁ-ਵਚਨ 'ਰੁਤਿ' ਤੋਂ}। ਸਦ—ਸਦਾ। ਸਦ ਬਸੰਤੁ—ਸਦਾ ਖਿੜੇ ਰਹਿਣ ਵਾਲਾ ਪਰਮਾਤਮਾ। ਜਿਤੁ—ਜਿਸ (ਪਰਮਾਤਮਾ) ਦੀ ਰਾਹੀਂ। ਸਭੁ—ਹਰੇਕ। ਹਉ—ਹਉਂ, ਮੈਂ। ਕਿਆ ਆਖਾ—ਕਿਆ ਆਖਾਂ, ਮੈਂ ਕੀਹ ਕਹਿ ਸਕਦਾ ਹਾਂ? ਕਿਰਮ—ਕੀੜਾ। ਕਿਰਮ ਜੰਤੁ—ਨਿੱਕਾ ਜਿਹਾ ਜੀਵ। ਕਿਨੈ—ਕਿਸੇ ਨੇ ਭੀ। ਨ ਪਾਇਆ—ਨਹੀਂ ਲੱਭਾ। ਆਦਿ—ਮੁੱਢ। ਅੰਤੁ—ਅਖ਼ੀਰ।1।

ਤੈ ਕੀ—ਤੇਰੀ। ਸਾਹਿਬ ਕੀ—ਮਾਲਕ ਦੀ। ਕਰਹਿ—ਕਰਦੇ ਹਨ {ਬਹੁ-ਵਚਨ}। ਪਰਮ—ਸਭ ਤੋਂ ਉੱਚਾ। ਪਾਵਹਿ—ਹਾਸਲ ਕਰਦੇ ਹਨ। ਆਤਮ ਦੇਵ—ਹੇ ਪਰਮਾਤਮਾ!।1। ਰਹਾਉ।

ਕਰਮੁ—ਬਖ਼ਸ਼ਸ਼। ਤਾਂ—ਤਦੋਂ। ਸੇਵਾ—ਭਗਤੀ। ਪਰਸਾਦੀ—ਕਿਰਪਾ ਨਾਲ। ਜੀਵਤ ਮਰੈ—ਜੀਊਂਦਾ ਹੀ ਵਿਕਾਰਾਂ ਵਲੋਂ ਅਡੋਲ ਹੋ ਜਾਂਦਾ ਹੈ। ਅਨਦਿਨੁ—ਹਰ ਰੋਜ਼, ਹਰ ਵੇਲੇ। ਸਾਚੁ—ਸਦਾ ਕਾਇਮ ਰਹਿਣ ਵਾਲਾ। ਇਨ ਬਿਧਿ—ਇਸ ਤਰੀਕੇ ਨਾਲ। ਦੁਤਰੁ—{duÔqr} ਜਿਸ ਤੋਂ ਪਾਰ ਲੰਘਣਾ ਔਖਾ ਹੈ।2।

ਬਿਖੁ—ਜ਼ਹਰ, ਆਤਮਕ ਮੌਤ ਲਿਆਉਣ ਵਾਲੀ ਮਾਇਆ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਫਲ। ਕਰਤਾਰਿ—ਕਰਤਾਰ ਨੇ। ਬਿਰਖ—ਰੁੱਖ। ਕਉ—ਨੂੰ। ਆਪੇ—ਆਪ ਹੀ। ਕਰਤਾ—ਕਰਤਾਰ। ਭਾਵੈ—ਚੰਗਾ ਲੱਗਦਾ ਹੈ। ਤਿਸੈ—ਉਸੇ ਨੂੰ।3।

ਜਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ}। ਨਦਰਿ—ਮਿਹਰ ਦੀ ਨਿਗਾਹ। ਕਰੇਇ—{ਇਕ-ਵਚਨ} ਕਰਦਾ ਹੈ। ਦੇਇ—ਦੇਂਦਾ ਹੈ। ਬਿਖਿਆ—ਮਾਇਆ। ਬਾਸਨਾ—ਲਾਲਸਾ। ਮਨਹਿ ਕਰੇਇ—ਰੋਕ ਦੇਂਦਾ ਹੈ। ਭਾਣਾ—ਰਜ਼ਾ, ਮਰਜ਼ੀ।4।

ਅਰਥ:- ਹੇ ਮਾਲਕ! ਹੇ ਪ੍ਰਭੂ ਦੇਵ! ਜਿਹੜੇ ਮਨੁੱਖ ਤੇਰੀ ਸੇਵਾ-ਭਗਤੀ ਕਰਦੇ ਹਨ, ਉਹ ਸਭ ਤੋਂ ਉੱਚਾ ਆਤਮਕ ਆਨੰਦ ਮਾਣਦੇ ਹਨ।1। ਰਹਾਉ।

ਹੇ ਪ੍ਰਭੂ! ਸਾਰੇ ਮਹੀਨਿਆਂ ਵਿਚ ਸਾਰੀਆਂ ਰੁੱਤਾਂ ਵਿਚ ਸਦਾ ਖਿੜੇ ਰਹਿਣ ਵਾਲਾ ਤੂੰ ਆਪ ਹੀ ਮੌਜੂਦ ਹੈਂ, ਜਿਸ (ਤੇਰੀ) ਬਰਕਤਿ ਨਾਲ ਹਰੇਕ ਜੀਵ ਸਜਿੰਦ ਹੈ। ਮੈਂ ਤੁੱਛ ਜਿਹਾ ਜੀਵ ਕੀਹ ਆਖ ਸਕਦਾ ਹਾਂ? ਕਿਸੇ ਨੇ ਭੀ ਤੇਰਾ ਨਾਹ ਮੁੱਢ ਲੱਭਾ ਹੈ ਨਾਹ ਅਖ਼ੀਰ ਲੱਭਾ ਹੈ।1।

ਹੇ ਭਾਈ! (ਜਦੋਂ ਕਿਸੇ ਮਨੁੱਖ ਉੱਤੇ ਪਰਮਾਤਮਾ ਦੀ) ਬਖ਼ਸ਼ਸ਼ ਹੁੰਦੀ ਹੈ ਤਦੋਂ ਉਹ (ਪਰਮਾਤਮਾ ਦੀ) ਸੇਵਾ-ਭਗਤੀ ਕਰਦਾ ਹੈ, ਗੁਰੂ ਦੀ ਕਿਰਪਾ ਨਾਲ (ਉਹ ਮਨੁੱਖ) ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ ਵਿਕਾਰਾਂ ਤੋਂ ਬਚਿਆ ਰਹਿੰਦਾ ਹੈ, ਉਹ ਮਨੁੱਖ ਹਰ ਵੇਲੇ ਪਰਮਾਤਮਾ ਦਾ ਸਦਾ ਕਾਇਮ ਰਹਿਣ ਵਾਲਾ ਨਾਮ ਉਚਾਰਦਾ ਰਹਿੰਦਾ

ਹੈ, ਤੇ, ਇਸ ਤਰੀਕੇ ਨਾਲ ਉਹ ਮਨੁੱਖ ਉਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ਜਿਸ ਤੋਂ ਪਾਰ ਲੰਘਣਾ ਬਹੁਤ ਔਖਾ ਹੈ।2।

ਹੇ ਭਾਈ! ਆਤਮਕ ਮੌਤ ਲਿਆਉਣ ਵਾਲੀ ਮਾਇਆ ਅਤੇ ਆਤਮਕ ਜੀਵਨ ਦੇਣ ਵਾਲਾ ਨਾਮ—ਇਹ ਕਰਤਾਰ ਨੇ (ਹੀ) ਪੈਦਾ ਕੀਤੇ ਹਨ। ਜਗਤ-ਰੁੱਖ ਨੂੰ ਉਸ ਨੇ ਇਹ ਦੋਵੇਂ ਫਲ ਲਾਏ ਹੋਏ ਹਨ। (ਸਰਬ-ਵਿਆਪਕ ਹੋ ਕੇ) ਕਰਤਾਰ ਆਪ ਹੀ (ਸਭ ਕੁਝ) ਕਰ ਰਿਹਾ ਹੈ ਤੇ (ਜੀਵਾਂ ਪਾਸੋਂ) ਕਰਾ ਰਿਹਾ ਹੈ। ਜਿਸ ਜੀਵ ਨੂੰ ਜਿਹੜਾ ਫਲ ਖਵਾਣ ਦੀ ਉਸ ਦੀ ਮਰਜ਼ੀ ਹੁੰਦੀ ਹੈ ਉਸੇ ਨੂੰ ਉਹੀ ਖਵਾ ਦੇਂਦਾ ਹੈ।3।

ਹੇ ਨਾਨਕ! ਜਿਸ ਮਨੁੱਖ ਉੱਤੇ ਕਰਤਾਰ ਮਿਹਰ ਦੀ ਨਿਗਾਹ ਕਰਦਾ ਹੈ, ਉਸ ਨੂੰ ਆਪ ਹੀ ਉਹ ਆਤਮਕ ਜੀਵਨ ਦੇਣ ਵਾਲਾ ਆਪਣਾ ਨਾਮ ਦੇਂਦਾ ਹੈ, (ਉਸ ਦੇ ਅੰਦਰੋਂ) ਮਾਇਆ ਦੀ ਲਾਲਸਾ ਰੋਕ ਦੇਂਦਾ ਹੈ। ਹੇ ਭਾਈ! ਆਪਣੀ ਰਜ਼ਾ ਪਰਮਾਤਮਾ ਆਪ (ਹੀ) ਕਰਦਾ ਹੈ।4।1।